# ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ
## (ਰਜਿਸਟਰਾਰ ਦਫ਼ਤਰ)

ਆਈ.ਕੇ.ਜੀ.ਪੀ.ਟੀ.ਯੂ./ਰਜਿ./ਦਹ/134 ਮਿਤੀ: 29.01.2026

## ਦਫ਼ਤਰੀ ਹੁਕਮ

ਦਫ਼ਤਰ ਡਿਪਟੀ ਕਮਿਸ਼ਨਰ, ਕਪੂਰਥਲਾ ਦੇ ਪਿੱਠ ਅੰਕਣ ਨੰ. 2296/ਐਮ.ਏ. ਮਿਤੀ 29.01.2026 ਅਨੁਸਾਰ ਸ੍ਰੀ ਗੁਰੂ ਰਵੀਦਾਸ ਜੀ ਦੇ ਪ੍ਰਕਾਸ਼ ਉਤਸਵ ਦੇ ਸੰਬੰਧ ਵਿੱਚ ਮਿਤੀ 30.01.2026 ਨੂੰ ਸਬ ਡਵੀਜ਼ਨ ਕਪੂਰਥਲਾ ਵਿੱਚ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ। ਇਸ ਸ਼ੋਭਾ ਯਾਤਰਾ ਕਰਕੇ ਸ਼ਹਿਰ ਦੇ ਟਰੈਫਿਕ ਦੇ ਕਈ ਰੂਟ ਡਾਇਵਰਟ ਕੀਤੀ ਗਏ ਹਨ। ਇਸ ਲਈ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਕਪੂਰਥਲਾ ਦੀ ਸਬ ਡਵੀਜ਼ਨ ਵਿੱਚ ਆਉਂਦੇ ਸਾਰੇ ਸਰਕਾਰੀ ਅਤੇ ਗੈਰ ਸਰਕਾਰੀ ਸਕੂਲਾਂ ਅਤੇ ਕਾਲਜਾਂ ਵਿੱਚ ਮਿਤੀ 30-01-2026 ਨੂੰ ਬਾਅਦ ਦੁਪਹਿਰ ਅੱਧੇ ਦਿਨ ਦੀ ਛੁੱਟੀ ਘੋਸ਼ਿਤ ਕੀਤੀ ਗਈ ਹੈ।

ਉਪਰੋਕਤ ਨੂੰ ਧਿਆਨ ਵਿੱਚ ਰੱਖਦੇ ਹੋਏ ਆਈ.ਕੇ.ਜੀ. ਪੀ.ਟੀ.ਯੂ. ਕਪੂਰਥਲਾ ਕੈਂਪਸ ਵਿੱਚ ਮਿਤੀ 30.01.2026 (ਸ਼ੁੱਕਰਵਾਰ) ਨੂੰ ਬਾਅਦ ਦੁਪਹਿਰ ਅੱਧੇ ਦਿਨ ਦੀ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ।

ਯੂਨੀਵਰਸਿਟੀ ਦੇ ਪਹਿਲਾਂ ਤੋਂ ਨਿਰਧਾਰਤ ਪ੍ਰੀਖਿਆਵਾਂ/ਅਤਿ-ਜ਼ਰੂਰੀ ਸੇਵਾਵਾਂ ਨਾਲ ਸੰਬੰਧਤ ਸਟਾਫ਼ ਡਿਊਟੀ 'ਤੇ ਹਾਜ਼ਰ ਰਹੇਗਾ।

ਇਹ ਦਫ਼ਤਰੀ ਹੁਕਮ ਮਾਣਯੋਗ ਉਪ-ਕੁਲਪਤੀ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਗਿਆ ਹੈ।

**(ਡਾ. ਨਵਦੀਪਕ ਸੰਧੂ)**
ਰਜਿਸਟਰਾਰ

ਪਿੱਠਅੰ:ਨੰ:ਆਈ.ਕੇ.ਜੀ.ਪੀ.ਟੀ.ਯੂ./ਰਜਿ./ਦਹ/135-140 ਮਿਤੀ: 29.01.2026

ਇਸ ਦਾ ਇੱਕ ਉਤਾਰਾ ਹੇਠ ਲਿਖੇ ਅਧਿਕਾਰੀਆਂਨੂੰ ਜਾਣਕਾਰੀ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਸਕੱਤਰ, ਉਪ-ਕੁਲਪਤੀ: ਮਾਣਯੋਗ ਉਪ-ਕੁਲਪਤੀ ਜੀ ਦੀ ਜਾਣਕਾਰੀ ਹਿੱਤ।
2. ਸਮੂਹ ਵਿਭਾਗ ਮੁਖੀ (ਟੀਚਿੰਗ ਅਤੇ ਨਾਨ-ਟੀਚਿੰਗ): ਆਪਣੇ ਵਿਭਾਗ ਦੇ ਸਮੂਹ ਅਧਿਕਾਰੀਆਂ/ਫੈਕਲਟੀ ਮੈਂਬਰਾਂ/ਖੋਜਾਰਥੀਆਂ/ਵਿਦਿਆਰਥੀਆਂ ਅਤੇ ਕਰਮਚਾਰੀਆਂ ਨੂੰ ਜਾਣੂ ਕਰਵਾਉਣ ਸੰਬੰਧੀ।
3. ਸਮੂਹ ਡਾਇਰੈਕਟਰ/ਪ੍ਰਿੰਸੀਪਲ, ਯੂਨੀਵਰਸਿਟੀ ਦੇ ਸਮੂਹ ਕਾਂਸਟੀਚਿਊਐਂਟ ਕੈਂਪਸਸ/ਮਾਨਤਾ ਪ੍ਰਾਪਤ/ਖੁਦਮੁਖਤਿਆਰੀ ਕਾਲਜ
4. ਡਿਪਟੀ ਰਜਿਸਟਰਾਰ (ਜਨਰਲ ਪ੍ਰਬੰਧਨ)
5. ਡਿਪਟੀ ਰਜਿਸਟਰਾਰ (ਲੋਕ ਸੰਪਰਕ)
6. ਇੰਚਾਰਜ (ਆਈ.ਟੀ.ਐਸ.): ਵੈਬਸਾਈਟ ਤੇ ਅਪਲੋਡ ਕਰਵਾਉਣ ਹਿੱਤ।

**(ਡਾ. ਨਵਦੀਪਕ ਸੰਧੂ)**
ਰਜਿਸਟਰਾਰ